ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 13-10-2025 (28 ਅੱਸੂ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 954 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਭਾਈ ਰਾਮ ਸਿੰਘ ਜੀ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦੀ ਹੈ। ਭਾਈ ਰਾਮ ਸਿੰਘ ਜੀ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ। ਉਨ੍ਹਾਂ ਨੇ ਲੰਮਾਂ ਸਮਾਂ ਕੀਰਤਨ ਦੀ ਸੇਵਾ ਨਿਭਾਈ। ਭਾਈ ਸਾਹਿਬ ਨੇ ਪੰਥਕ ਕਾਰਜਾਂ ਲਈ ਭਾਗਲਪੁਰ (ਬਿਹਾਰ) ਵਿਖੇ ਲੰਮਾਂ ਸਮਾਂ ਜੇਲ੍ਹ ਕੱਟੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਭਾਈ ਰਾਮ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 92081.(T)

ਮਿਤੀ 22-10-2025

ਉਤਾਰਾ: ਇੰਚਾਰਜ ਜੀ, ਟਰੱਸਟ ਵਿਭਾਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 13-10-2025 (28 ਅੱਸੂ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 955 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਸ੍ਰ. ਜਗਜੀਤ ਸਿੰਘ ਜੀ ਬਰਾੜ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦੀ ਹੈ। ਸ੍ਰ. ਜਗਜੀਤ ਸਿੰਘ ਜੀ ਬਰਾੜ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਸ੍ਰ. ਜਗਜੀਤ ਸਿੰਘ ਜੀ ਬਰਾੜ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦੀ ਹੋਈ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੧੨੦੮੨. (ਟ) ਮਿਤੀ੨੨-/੦. -2025

ਉਤਾਰਾ: ਇੰਚਾਰਜ ਜੀ, ਟਰੱਸਟ ਵਿਭਾਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਖਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

☬ ੧ੴ ਵਾਹਿਗੁਰੂ ਜੀ ਕੀ ਫਤਹ ॥ ☬

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 13-10-2025 (28 ਅੱਸੂ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 956 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਜੰਮੂ ਕਸ਼ਮੀਰ ਅੰਦਰ ਸਾਂਬਾ ਜ਼ਿਲ੍ਹੇ ਦੇ ਪਿੰਡ ਕੌਲਪੁਰ ਵਿਚ ਇਕ ਵਿਅਕਤੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਕੀਤੀ ਬੇਅਦਬੀ ਦੀ ਦੁਖਦਾਈ ਘਟਨਾ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਦੋਸ਼ੀ ਵਿਰੁੱਧ ਕਰੜੀ ਕਾਰਵਾਈ ਕਰਨ ਦੀ ਮੰਗ ਕਰਦੀ ਹੈ। ਇਹ ਬੇਹਦ ਦੁਖਦ ਮਾਮਲਾ ਹੈ, ਜਿਸ ਨੇ ਸਿੱਖ ਭਾਵਨਾਵਾਂ ਨੂੰ ਗਹਿਰੀ ਸੱਟ ਮਾਰੀ ਹੈ। ਜਦੋਂ ਸਮੁੱਚਾ ਪੰਥ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ ਮਨਾ ਰਿਹਾ ਹੈ, ਤਾਂ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਗਹਿਰੀ ਸਾਜਿਸ਼ ਦਾ ਹਿੱਸਾ ਲੱਗਦੀਆਂ ਹਨ। ਸਰਕਾਰ ਤੁਰੰਤ ਇਸ ਸਾਜਿਸ਼ ਦਾ ਪਤਾ ਲਗਾਏ ਅਤੇ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦੇਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨਾ ਕੌਮ ਦੀਆਂ ਭਾਵਨਾਵਾਂ ਤੇ ਸਿੱਧਾ ਹਮਲਾ ਹੈ, ਜਿਸ ਨੂੰ ਕੌਮ ਬਰਦਾਸ਼ਤ ਨਹੀਂ ਕਰ ਸਕਦੀ। ਅਜਿਹੀਆਂ ਘਟਨਾਵਾਂ ਸਰਕਾਰਾਂ ਦੀ ਢਿੱਲ ਅਤੇ ਅਜਿਹੇ ਪੰਥ ਵਿਰੋਧੀਆਂ ਖਿਲਾਫ ਢਿੱਲੀ ਕਾਰਵਾਈ ਦਾ ਨਤੀਜਾ ਹੈ। ਕਿਉਂਕਿ ਜਦੋਂ ਵੀ ਅਜਿਹੀ ਮੰਦਭਾਗੀ ਹਰਕਤ ਸਾਹਮਣੇ ਆਉਂਦੀ ਹੈ ਤਾਂ ਦੋਸ਼ੀ ਸਹਿਜੇ ਹੀ ਬਚ ਨਿਕਲਦੇ ਹਨ। ਜੇਕਰ ਮਿਸਾਲੀ ਕਾਰਵਾਈ ਤੇ ਸਜ਼ਾ ਹੋਵੇ ਤਾਂ ਕੋਈ ਵੀ ਅਜਿਹੀ ਹਰਕਤ ਦਾ ਹੀਆ ਨਾ ਕਰੇ।

ਅੱਜ ਦੀ ਇਹ ਇਕੱਤਰਤਾ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਨੂੰ ਦੇਸ਼ ਦੇ ਕਾਨੂੰਨ ਵਿਚ ਸੋਧ ਕਰਕੇ ਬੇਅਦਬੀਆਂ ਦੇ ਦੋਸ਼ੀਆਂ ਨੂੰ ਸਖਤ ਸਜ਼ਾ ਦਾ ਪ੍ਰਬੰਧ ਕਰਨ ਲਈ ਢੁੱਕਵੇਂ ਕਦਮ ਚੁੱਕਣ ਲਈ ਅਪੀਲ ਕਰਦੀ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

****************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੨੦੪੩.(ਟ)

ਮਿਤੀ ੨੨-10.-2025

ਉਤਾਰਾ:
1. ਇੰਚਾਰਜ ਜੀ, ਸਿੱਖ ਮਿਸ਼ਨ, ਜੰਮੂ ਕਸ਼ਮੀਰ, ਜੰਮੂ।
2. ਸੁਪਰਵਾਈਜ਼ਰ ਜੀ, ਪਬਲੀਸਿਟੀ ਮਹਿਕਮਾਂ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 13-10-2025 (28 ਅੱਸੂ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 962 ਦੀ ਨਕਲ :-**

ਸੌਦਾ ਸਾਧ ਡੇਰਾ ਪ੍ਰੇਮੀ ਪ੍ਰਦੀਪ ਕਟਾਰੀਆਂ ਦੇ ਕਤਲ ਕੇਸ ਵਿਚ ਪਿਛਲੇ ਕੁਝ ਸਮੇਂ ਤੋਂ ਜੇਲ੍ਹ ਵਿਚ ਨਜ਼ਰਬੰਦ ਭਾਈ ਭੋਲਾ ਸਿੰਘ, ਭਾਈ ਮਨਪ੍ਰੀਤ ਸਿੰਘ, ਭਾਈ ਭੁਪਿੰਦਰ ਸਿੰਘ ਦੇ ਪਰਿਵਾਰਕ ਮੈਂਬਰਾਂ ਵੱਲੋਂ ਸਹਾਇਤਾ ਲੈਣ ਦੀਆਂ ਮੰਗਾਂ ਪੁੱਜੀਆਂ ਹਨ। ਗੁ:ਇੰ: ਦੀ ਰਿਪੋਰਟ ਮਿਤੀ 26-07-2025 ਅਨੁਸਾਰ ਤਿੰਨੇ ਸਿੰਘ ਜੇਲ੍ਹ ਵਿਚ ਹੀ ਹਨ। ਪਰਿਵਾਰ ਕੋਲ ਕੋਈ ਕਮਾਈ ਦਾ ਸਾਧਨ ਨਹੀਂ ਹੈ। ਮੁੱਖ ਲੇਖਾਕਾਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਰਿਪੋਰਟ ਮਿਤੀ 01-08-2025 ਅਨੁਸਾਰ ਹੇਠ ਲਿਖੀ ਸਹਾਇਤਾ ਜਾ ਚੁੱਕੀ ਹੈ:-

| | | |
|---|---|---|
| ਸੋਨੀਆ | (ਸੁਪਤਨੀ ਭਾਈ ਭੋਲਾ ਸਿੰਘ ਨਜ਼ਰਬੰਦ) | 3,85,000/-ਅੱਖਰੀਂ ਤਿੰਨ ਲੱਖ ਪਚਾਸੀ ਹਜ਼ਾਰ ਰੁਪਏ |
| ਬਲਜਿੰਦਰ ਸਿੰਘ | (ਬੇਟਾ ਮਨਪ੍ਰੀਤ ਸਿੰਘ ਨਜ਼ਰਬੰਦ) | 1,85,000/-ਅੱਖਰੀਂ ਇੱਕ ਲੱਖ ਪਚਾਸੀ ਹਜ਼ਾਰ ਰੁਪਏ |
| ਕੁਲਦੀਪ ਕੌਰ | (ਬੇਟਾ ਭੁਪਿੰਦਰ ਸਿੰਘ ਨਜ਼ਰਬੰਦ) | 1,85,000/-ਅੱਖਰੀਂ ਇੱਕ ਲੱਖ ਪਚਾਸੀ ਹਜ਼ਾਰ ਰੁਪਏ |
| | ਕੁੱਲ | **7,55,000/-ਅੱਖਰੀਂ ਸੱਤ ਲੱਖ ਪਚਵੰਜਾ ਹਜ਼ਾਰ ਰੁਪਏ** |

**ਅਗੋਂ ਹੋਰ ਸਹਾਇਤਾ ਦੇਣ ਦਾ ਮਾਮਲਾ, ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਉਪਰੋਕਤ ਲਿਖੇ ਅਨੁਸਾਰ ਬੰਦੀ ਸਿੰਘਾਂ ਦੇ ਪਰਿਵਾਰਾਂ ਬੀਬੀ ਸੋਨੀਆ (ਸੁਪਤਨੀ ਸ੍ਰ. ਭੋਲਾ ਸਿੰਘ) ਬਲਜਿੰਦਰ ਸਿੰਘ (ਸਪੁੱਤਰ ਸ੍ਰ. ਜਗੀਰ ਸਿੰਘ) ਬੀਬੀ ਕੁਲਦੀਪ ਕੌਰ (ਸੁਪਤਨੀ ਸ੍ਰ. ਸਰੂਪ ਸਿੰਘ) ਨੂੰ ਧਰਮ ਅਰਥ ਫੰਡ ਵਿਚੋਂ 2,00,000/-2,00,000/- ਅੱਖਰੀਂ ਦੋ-ਦੋ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22089. (T) ਮਿਤੀ 22-10.-2025

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।